# ਪ੍ਰੈਸ ਨੋਟ

## ਨਗਰ ਨਿਗਮ ਵਲੋਂ ਸਫਾਈ ਮਜਦੂਰ ਯੂਨੀਅਨ ਦੇ ਸਹਿਯੋਗ ਨਾਲ ਮਨਾਇਆ ਮਈ ਦਿਵਸ

# ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ 33 ਸਫਾਈ ਸੇਵਕਾਂ ਨੂੰ ਦਿੱਤੇ ਪ੍ਰਸ਼ੰਸਾ ਪੱਤਰ

ਹੁਸ਼ਿਆਰਪੁਰ 02 ਮਈ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਅੱਜ ਗੌਤਮ ਨਗਰ ਦੇ ਕਮਿਨਿਊਟੀ ਹਾਲ ਵਿਖੇ ਨਗਰ ਨਿਗਮ ਦੀ ਸਫਾਈ ਮਜਦੂਰ ਯੂਨੀਅਨ ਦੇ ਸਹਿਯੋਗ ਨਾਲ ਮਈ ਦਿਵਸ ਦੇ ਸਬੰਧ ਵਿਚ ਇਕ ਸਮਾਗਮ ਦਾ ਆਯੋਜਨ ਕੀਤਾ ਜਿਸ ਵਿਚ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਕਮਿਸ਼ਨਰ ਨਗਰ ਨਿਗਮ ਜ਼ਸਬੀਰ ਸਿੰਘ ਇਸ ਸਮਾਗਮ ਵਿਚ ਵਿਸ਼ੇਸ਼ ਤੌਰ ਸ਼ਾਮਿਲ ਹੋਏ। ਸਫਾਈ ਮਜਦੂਰ ਯੂਨੀਅਨ ਦੇ ਪ੍ਰਧਾਨ ਜਗਦੀਪ, ਸਫਾਈ ਮਜਦੂਰ ਯੂਨਿਅਨ ਦੇ ਮੀਤ ਪ੍ਰਧਾਨ ਅਸ਼ਵਨੀ ਕੁਮਾਰ ਨੇ ਇਸ ਮੌਕੇ ਤੇ ਮੁੱਖ ਮਹਿਮਾਨ ਅਤੇ ਆਏ ਹੋਏ ਪਤਵੰਤੇਆਂ ਨੂੰ ਜੀ ਆਇਆਂ ਕਹਿੰਦੇ ਹੋਏ ਆਪਣੀਆਂ ਮੰਗਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਫਾਈ ਸੇਵਕ ਅਤੇ ਸੀਵਰਮੈਂਨ ਜ਼ੋ ਕਿ ਪਿਛਲੇ ਕਾਫੀ ਸਾਲਾਂ ਤੋਂ ਕੰਮ ਕਰ ਰਹੇ ਹਨ, ਉਹਨਾਂ ਨੂੰ ਪੱਕਾ ਕੀਤਾ ਜਾਵੇ ਅਤੇ ਪੱਕੇ ਮੁਲਾਜਮਾਂ ਦੀ ਤਰ੍ਹਾਂ ਸਾਰੀਆਂ ਸਹੂਲਤਾਂ ਮੁਹੱਈਆਂ ਕਰਵਾਈਆਂ ਜਾਣ।

ਮੇਅਰ ਸ਼ਿਵ ਸੂਦ ਨੇ ਸਫਾਈ ਸੇਵਕਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਮਈ ਦਿਵਸ ਦੀ ਵਧਾਈ ਦਿੱਤੀ ਅਤੇ ਦੱਸਿਆ ਕਿ ਨਗਰ ਨਿਗਮ ਸਰਕਾਰ ਵੱਲੋਂ ਸਫਾਈ ਸੇਵਕਾਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੇਣ ਲਈ ਵਚਨ ਬੱਧ ਹੈ ਅਤੇ ਉਹਨਾਂ ਦੀਆਂ ਮੰਗਾਂ ਨੂੰ ਮੁੱਖ ਦਫ਼ਤਰ ਤੱਕ ਪਹੁੰਚਾਇਆ ਗਿਆ ਹੈ। ਉਹਨਾਂ ਕਿਹਾ ਕਿ ਜਿਸ ਤਰਾਂ ਇੱਕ ਨਿਰਮਾਣ ਮਜਦੂਰ ਵਲੋਂ ਇਮਾਰਤ ਬਣਉਣ ਸਮੇਂ ਉਸ ਦੀਆਂ ਨੀਹਾਂ ਨੂੰ ਮਜਬੂਤ ਬਣਾਇਆ ਜਾਂਦਾ ਹੈ, ਉਸੇ ਤਰਾਂ ਹੀ ਦੇਸ਼ ਦੇ ਸਮਾਜ ਸੇਵਕ, ਉਦਯੋਗਪਤੀ, ਕਰਮਚਾਰੀ ਅਤੇ ਸ਼ਹਿਰ ਵਾਸੀ ਦੇਸ਼ ਅਤੇ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਵਿਚ ਆਪਣਾ ਯੋਗਦਾਨ ਪਾਉਣ ਤਾਂ ਜ਼ੋ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਉਹਨਾਂ ਵਲੋਂ 2 ਅਕਤੂਬਰ 2014 ਨੂੰ ਚਲਾਈ ਗਈ ਸਵੱਛ ਭਾਰਤ ਮੁਹਿੰਮ ਤਹਿਤ ਭਾਰਤ ਨੂੰ ਸਾਫ ਸੁਥਰਾ ਦੇਸ਼ ਬਣਾਇਆ ਜਾ ਸਕੇ। ਇਸ ਮੌਕੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਨਗਰ ਕੌਂਸਲ ਵਲੋਂ ਪਹਿਲਾ 93 ਕੱਚੇ ਸਫਾਈ ਸੇਵਕਾ ਨੂੰ ਪੱਕਾ ਕੀਤਾ ਗਿਆ ਸੀ ਅਤੇ ਹੁਣ ਨਗਰ ਨਿਗਮ ਵਲੋਂ ਆਪਣੇ ਹਾਊਸ ਵਿਚ ਮਤਾ ਪਾਸ ਕਰਕੇ ਕੱਚੇ ਮੁਲਾਜਮਾ ਨੂੰ ਪੱਕਾ ਕਰਨ ਲਈ ਸਰਕਾਰ ਨੂੰ ਭੇਜਿਆ ਗਿਆ। ਉਹਨਾਂ ਵਲੋਂ ਨਵੀ ਬਣੀ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਹਾਊਸ ਵਲੋਂ ਪਾਸ ਕੀਤੇ ਮਤੇ ਨੂੰ ਜਲਦ ਲਾਗੂ ਕੀਤਾ ਜਾਵੇ। ਉਹਨਾਂ ਦੱਸਿਆ ਕਿ ਨਗਰ ਨਿਗਮ ਵਲੋਂ ਚੰਗੇ ਸਫਾਈ ਸੇਵਕਾਂ ਦਾ ਉਤਸ਼ਾਹ ਵਧਾਉਣ ਲਈ ਉਹਨਾਂ ਨੂੰ ਪ੍ਰਸ਼ੰਸ਼ਾ ਪੱਤਰ ਵੀ ਦਿੱਤੇ ਜਾ ਰਹੇ ਹਨ, ਸਵੱਛ ਭਾਰਤ ਅਭਿਆਨ ਤਹਿਤ ਚੰਗੀ ਸਫਾਈ ਰੱਖਣ ਵਾਲੇ 33 ਸਫਾਈ ਸੇਵਕਾਂ ਨੂੰ ਪ੍ਰਸ਼ੰਸ਼ਾ ਪੱਤਰ ਦਿੱਤੇ ਗਏ।

ਨਗਰ ਨਿਗਮ ਦੇ ਕਮਿਸ਼ਨਰ ਜ਼ਸਬੀਰ ਸਿੰਘ, ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਕੌਂਸਲਰ ਬਲਵਿੰਦਰ ਕੁਮਾਰ ਬਿੰਦੀ, ਨਰਿੰਦਰ ਸਿੰਘ, ਬ੍ਰਹਮ ਸ਼ੰਕਰ ਜਿੰਪਾ, ਸੁਦਰਸ਼ਨ ਧੀਰ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਸਮੂਹ ਇਕੱਠ ਨੂੰ ਮਈ ਦਿਵਸ ਦੀ ਵਧਾਈ ਦਿੱਤੀ।

ਹੋਰਨਾਂ ਤੋਂ ਇਲਾਵਾ ਇਸ ਮੌਕੇ ਤੇ ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਹਰਪ੍ਰੀਤ ਸਿੰਘ ਐਸ.ਡੀ.ਓ, ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ, ਜਨਕ ਰਾਜ, ਸੁਰਿੰਦਰ ਕੁਮਾਰ, ਇੰਸਪੈਕਟਰ ਕੁਲਵਿੰਦਰ ਸਿੰਘ, ਗੁਰਮੇਲ ਸਿੰਘ, ਸੁਰਜੀਤ ਬਹਿਲ, ਜ਼ੋਗਿੰਦਰ ਸਿੰਘ ਅਤੇ ਲਾਲ ਸਿੰਘ, ਕੌਂਸਲਰ ਨਿਪੁੰਨ ਸ਼ਰਮਾ, ਵਿਕਰਮ ਸਿੰਘ ਕਲਸੀ, ਮੀਨੂ ਸੇਠੀ, ਰੂਪ ਲਾਲ ਥਾਪਰ, ਰਮੇਸ਼ ਠਾਕੁਰ, ਰੀਨਾ ਅਤੇ ਨਗਰ ਨਿਗਮ ਦੇ ਸਮੂਹ ਕਰਮਚਾਰੀ ਅਤੇ ਸਫਾਈ ਸੇਵਕ ਵੀ ਇਸ ਮੌਕੇ ਤੇ ਹਾਜ਼ਰ ਸਨ।